# Telephone Conversation between PM and President of Republic of Korea

April 09, 2020

# ਪ੍ਰਧਾਨ ਮੰਤਰੀ ਅਤੇ ਕੋਰੀਆਈ ਗਣਤੰਤਰ ਦੇ ਰਾਸ਼ਟਰਪਤੀ ਦਰਮਿਆਨ ਟੈਲੀਫੋਨ 'ਤੇ ਗੱਲਬਾਤ

09 ਅਪ੍ਰੈਲ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਕੋਰੀਆਈ ਗਣਤੰਤਰ ਦੇ ਰਾਸ਼ਟਰਪਤੀ ਮਹਾਮਹਿਮ ਮੂਨ ਜੈ-ਇਨ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ।

ਪ੍ਰਧਾਨ ਮੰਤਰੀ ਸ਼੍ਰੀ ਮੋਦੀ ਨੇ ਪਿਛਲੇ ਸਾਲ ਕੋਰੀਆਈ ਗਣਤੰਤਰ ਦੀ ਆਪਣੀ ਫੇਰੀ ਨੂੰ ਨਿੱਘੇ ਤਰੀਕੇ ਨਾਲ ਯਾਦ ਕੀਤਾ ਅਤੇ ਦੋਨਾਂ ਦੇਸ਼ਾਂ ਦਰਮਿਆਨ ਵਧ ਰਹੇ ਨੇੜਲੇ ਸਬੰਧਾਂ ਉੱਤੇ ਤਸੱਲੀ ਪ੍ਰਗਟਾਈ।

ਦੋਨਾਂ ਆਗੂਆਂ ਨੇ ਵਿਸ਼ਵਵਿਆਪੀ ਕੋਵਿਡ -19 ਮਹਾਂਮਾਰੀ ਅਤੇ ਇਸ ਤੋਂ ਉਪਜੀਆਂ ਵਿਸ਼ਵਵਿਆਪੀ ਸਿਹਤ ਪ੍ਰਣਾਲੀਆਂ ਅਤੇ ਆਰਥਿਕ ਹਾਲਾਤ ਸੰਬੰਧੀ ਚੁਣੌਤੀਆਂ ਬਾਰੇ ਗੱਲਬਾਤ ਕੀਤੀ। ਉਨ੍ਹਾਂ ਨੇ ਇਸ ਮਹਾਂਮਾਰੀ ਨਾਲ ਨਜਿੱਠਣ ਲਈ ਆਪੋ ਆਪਣੇ ਦੇਸ਼ਾਂ ਵਿੱਚ ਚੁੱਕੇ ਗਏ ਕਦਮਾਂ ਬਾਰੇ ਜਾਣਕਾਰੀ ਦਾ ਵਟਾਂਦਰਾ ਕੀਤਾ।

ਪ੍ਰਧਾਨ ਮੰਤਰੀ ਨੇ ਇਸ ਸੰਕਟ ਨਾਲ ਨਜਿੱਠਣ ਲਈ ਕੋਰੀਆਈ ਗਣਤੰਤਰ ਦੀ ਤਕਨਾਲੋਜੀ-ਅਧਾਰਤ ਪ੍ਰਤੀਕ੍ਰਿਆ ਦੀ ਸ਼ਲਾਘਾ ਕੀਤੀ। ਰਾਸ਼ਟਰਪਤੀ ਮੂਨ ਜੈ-ਇਨ ਨੇ ਭਾਰਤੀ ਅਧਿਕਾਰੀਆਂ ਵੱਲੋਂ ਇਸ ਮਹਾਂਮਾਰੀ ਨਾਲ ਲੜਨ ਲਈ ਵੱਡੀ ਭਾਰਤੀ ਆਬਾਦੀ ਨੂੰ ਪ੍ਰੇਰਨ ਦੇ ਤਰੀਕੇ ਦੀ ਪ੍ਰਸ਼ੰਸਾ ਕੀਤੀ।

ਕੋਰੀਆਈ ਰਾਸ਼ਟਰਪਤੀ ਨੇ ਭਾਰਤ ਵਿਚ ਕੋਰੀਆਈ ਨਾਗਰਿਕਾਂ ਨੂੰ ਭਾਰਤੀ ਅਧਿਕਾਰੀਆਂ ਵੱਲੋਂ ਦਿੱਤੀ ਜਾ ਰਹੀ ਮਦਦ ਲਈ ਪ੍ਰਧਾਨ ਮੰਤਰੀ ਦਾ ਧੰਨਵਾਦ ਕੀਤਾ।

ਪ੍ਰਧਾਨ ਮੰਤਰੀ ਨੇ ਭਾਰਤੀ ਕੰਪਨੀਆਂ ਦੁਆਰਾ ਮੰਗਾਏ ਜਾ ਰਹੇ ਮੈਡੀਕਲ ਉਪਕਰਣਾਂ ਦੀ ਸਪਲਾਈ ਅਤੇ ਆਵਾਜਾਈ ਸੁਖਾਲੀ ਬਣਾਉਣ ਲਈ ਕੋਰਿਆਈ ਗਣਤੰਤਰ ਸਰਕਾਰ ਦੀ ਸ਼ਲਾਘਾ ਕੀਤੀ।

ਦੋਨੋਂ ਆਗੂ ਇਸ ਗੱਲ 'ਤੇ ਸਹਿਮਤ ਸਨ ਕਿ ਉਨ੍ਹਾਂ ਦੇ ਮਾਹਰ ਕੋਵਿਡ -19 ਦਾ ਹੱਲ ਲੱਭਣ ਦੌਰਾਨ ਇੱਕ ਦੂਜੇ ਨਾਲ ਸਲਾਹ-ਮਸ਼ਵਰਾ ਕਰਦੇ ਰਹਿਣਗੇ ਅਤੇ ਆਪਣੇ ਤਜ਼ਰਬੇ ਸਾਂਝੇ ਕਰਦੇ ਰਹਿਣਗੇ।

ਪ੍ਰਧਾਨ ਮੰਤਰੀ ਨੇ ਰਾਸ਼ਟਰਪਤੀ ਮੂਨ ਨੂੰ ਕੋਰਿਆਈ ਗਣਤੰਤਰ ਵਿੱਚ ਹੋਣ ਵਾਲੀਆਂ ਨੈਸ਼ਨਲ ਅਸੈਂਬਲੀ ਦੀਆਂ ਚੋਣਾਂ ਲਈ ਆਪਣੀਆਂ ਸ਼ੁੱਭ ਕਾਮਨਾਵਾਂ ਦਿੱਤੀਆਂ।

ਨਵੀਂ ਦਿੱਲੀ
09 ਅਪ੍ਰੈਲ, 2020

DISCLAIMER : This is an approximate translation. The original is available in English on MEA's website and may be referred to as the official press release.